**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜ਼ਸਵੀਰ ਸਿੰਘ
ਪਿੰਡ ਭੋਲਾਪੁਰ, ਡਾਕ: ਰਾਮਗੜ੍ਹ, ਜਿਲ੍ਹਾ ਲੁਧਿਆਣਾ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਜਿਲਾ ਟਰਾਂਸਪੋਰਟ ਅਫਸਰ, ਸ੍ਰੀ ਮੁਕੱਤਸਰ ਸਾਹਿਬ। -----ਉੱਤਰਦਾਤਾ

ਸ਼ਿਕਾਇਤ ਕੇਸ ਨੰ: 1411 ਆਫ 2012

ਹਾਜ਼ਰ:

1. ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਪਿਆਰਾ ਸਿੰਘ (8196863999)

ਹੁਕੱਮ:

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-11-2011 , ਲੋਕ ਸੂਚਨਾ ਅਧਿਕਾਰੀ ਦਫਤਰ ਜਿਲਾ ਟਰਾਂਸਪੋਰਟ ਅਫਸਰ, ਸ੍ਰੀ ਮੁਕੱਤਸਰ ਸਾਹਿਬ ਨੂੰ ਬਿਨੈਪੱਤਰ ਪੇਸ਼ ਕੀਤਾ ਗਿਆ ਸੀ। ਜਿਸ ਰਾਹੀਂ ਉਸ ਨੇ ਫਰਵਰੀ, 2011 ਤੋਂ ਲੈਕੇ ਗੱਡੀਆਂ ਦੇ ਤੇਜ਼ ਰਫਤਾਰ (ਓਵਰ ਸਪੀਡ) ਅਤੇ ਉਵਰਲੋਡ ਚਲਾਨਾਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-5-2012 ਨੂੰ ਕਮਿਸ਼ਨ ਕੋਲ ਦੂਜੀ ਸ਼ਿਕਾਇਤ ਦਾਇਰ ਕੀਤੀ ਸੀ। ਜਿਸਦਾ ਫੈਸਲਾ ਕਮਿਸ਼ਨ ਵਲੋਂ ਮਿਤੀ 07-5-2014 ਨੂੰ ਕਰਦੇ ਹੋਏ ਸ੍ਰੀ ਬੀ.ਐਮ. ਸਿੰਘ, ਪੀ.ਸੀ.ਐਸ. ਜ਼ੋ ਇਸ ਕੇਸ ਵਿਚ ਪੀ.ਆਈ.ਓ. ਸੀ ਨੂੰ ਕਮਿਸ਼ਨ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਕਾਰਨ ਰੁ: 25,000/- ਦੀ ਪੈਨਲਟੀ ਪਾਈ ਗਈ ਸੀ ਅਤੇ ਮੁੱਖ ਸਕੱਤਰ, ਪੰਜਾਬ ਸਰਕਾਰ ਚੰਡੀਗੜ੍ਹ ਨੂੰ ਇਹ ਰਕਮ ਉਸ ਪਾਸੋਂ ਰਿਕਵਰ ਕਰਕੇ 8 ਹਫਤਿਆਂ ਅੰਦਰ ਸਰਕਾਰੀ ਖਾਤੇ ਵਿਚ ਜਮਾਂ ਕਰਨ ਦੇ ਹੁਕਮ ਕਰਦੇ ਹੋਏ ਇਹ ਕੇਸ ਬੰਦ ਕੀਤਾ ਗਿਆ ਸੀ। ਇਸ ਕੇਸ ਵਿਚ ਕਮਿਸ਼ਨ ਦੇ ਹੁਕੱਮਾਂ ਪਾਲਣਾ ਨਾ ਹੋਣ ਕਾਰਨ ਮੁੱਖ ਸਕੱਤਰ, ਪੰਜਾਬ ਸਰਕਾਰ ਸਿਵਲ ਸਕਤਰੇਤ ਨਾਲ ਲਗਾਤਾਰ ਨੋਟਿਸ ਫਾਰ ਕੰਪਲਾਇੰਸ ਜ਼ਾਰੀ ਕਰਨ ਤੇ ਵੀ ਪਾਲਣਾ ਨਾ ਹੋਣ ਕਾਰਨ ਇਹ ਕੇਸ ਪੂਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੋਂ ਅਗਲੀ ਮਿਤੀ ਬਾਰੇ ਬਾਅਦ ਵਿਚ ਸੂਚਿਤ ਕਰਨ ਲਈ ਲਿਖਿਆ ਗਿਆ ਸੀ। ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਹੋਣ ਉਪਰੰਤ ਇਸ ਕਮਿਸ਼ਨ ਵਲੋਂ ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 20-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 03-02-2020 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਪਿਆਰਾ ਸਿੰਘ ਹਾਜ਼ਰ ਹੋਏ। ਉਨ੍ਹਾਂ ਵਲੋਂ ਪੱਤਰ ਨੰ: ਸਟਕ/ ਆਰ. ਟੀ .ਆਈ./ ਪੀ.ਆਈ.ਓ./4679/1686 ਮਿਤੀ 23-1-2020 ਪੇਸ਼ ਕੀਤਾ ਗਿਆ ਜ਼ੋ ਪੀ.ਆਈ.ਓ. ਫਰੀਦਕੋਟ ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਹੈ।ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੀ.ਆਈ.ਓ. ਫਰੀਦਕੋਟ ਜਿਸ ਵਲੋਂ ਹੁਕੱਮਾਂ ਦੀ ਪਾਲਣਾ ਕੀਤੀ ਜਾਣੀ ਸੀ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਮੁੱਖ ਸਕੱਤਰ, ਪੰਜਾਬ ਸਰਕਾਰ (ਪੀ.ਸੀ.ਐਸ.)ਬਰਾਂਚ ਨੂੰ ਵੱਖ ਵੱਖ ਪੱਤਰਾਂ ਰਾਹੀਂ ਪੱਤਰ ਨੰ: ਪੀ.ਐਸ.ਆਈ.ਸੀ./ਲੀਗਲ/2020/232-35, ਮਿਤੀ 14-1-2020 ਰਾਹੀਂ ਲਿਖਤੀ ਰੂਪ ਵਿਚ ਹਾਜ਼ਰ ਹੋਣ ਲਈ ਲਿਖਿਆ ਗਿਆ ਅਤੇ ਦੇ ਬਾਵਜੂਦ ਵੀ ਕੋਈ ਹਾਜ਼ਰ ਨਹੀਂ ਹੋਇਆ।ਜਿਸਦਾ ਕਮਿਸ਼ਨ ਵਲੋਂ ਸਖਤ ਨੋਟਿਸ ਲਿਆ ਗਿਆ ਹੈ । ਇਹ ਕੇਸ ਅਗਲੀ ਸੁਣਵਾਈ ਮਿਤੀ 12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਪਿਆਰਾ ਸਿੰਘ ਹਾਜ਼ਰ ਹੋਏ। ਉਸ ਵਲੋਂ ਦਸਿਆ ਗਿਆ ਕਿ ਮੁਕੱਤਸਰ ਸਾਹਬਿ ਵਿਖੇ ਪੋਸਟ ਖਤਮ ਹੋ ਚੁੱਕੀ ਸੀ, ਜਿਸ ਕਾਰਨ ਆਰ.ਟੀ.ਏ. ਫਰੀਦਕੋਟ ਨੂੰ ਚਾਰਜ ਦਿੱਤਾ ਹੋਇਆ ਸੀ। ਸ੍ਰੀ ਬੀ.ਐਮ.ਸਿੰਘ ਪੀ.ਸੀ.ਐਸ. ਜਿਲਾ ਟਰਾਂਸਪੋਰਟ ਅਫਸਰ ਸ੍ਰੀ ਮੁਕਤਸਰ ਸਾਹਿਬ ਸੇਵਾ ਵਿਚ ਸੀ ਹੁਣ ਉਹ ਰਿਟਾਇਰ ਹੋ ਚੁਕਾ ਹੈ। ਇਸਦੀ ਕਟੋਤੀ ਪੈਨਸ਼ਨ ਵਿਚੋਂ ਹੀ ਕੀਤੀ ਜਾ ਸਕਦੀ ਹੈ। ਇਸ ਕੇਸ ਵਿਚ ਅਪੀਲਕਰਤਾ ਨਾਲ ਕੋਈ ਸਬੰਧ ਨਹੀਂ ਸਰਕਾਰੀ ਮਾਮਲਾ ਹੈ। ਇਸ ਲਈ ਇਸ ਅਧਿਕਾਰੀ ਦੀ ਪੈਨਸ਼ਨ ਚੀਫ ਸਕੱਤਰ, ਪੰਜਾਬ ਜੀ ਦੇ ਦਫਤਰ ਵਲੋਂ ਦਿੱਤੀ ਜਾ ਰਹੀ ਹੈ। ਇਸ ਲਈ ਮੁੱਖ ਸਕੱਤਰ, ਪੰਜਾਬ ਜੀ ਨੂੰ ਲਿਖਿਆ ਜਾਂਦਾ ਹੈ ਕਿ ਜਿਵੇਂ ਵੀ ਸੰਭਵ ਹੋਵੇ ਕਮਿਸ਼ਨ ਦੇ ਉਕਤ ਹੁਕੱਮਾਂ ਦੀ ਪਾਲਣਾ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 12 ਮਾਰਚ, 2020.

ਕਾਪੀ : ਮੁੱਖ ਸਕੱਤਰ, ਪੰਜਾਬ ਸਰਕਾਰ (ਪੀ.ਸੀ.ਐਸ. ਸ਼ਾਖਾ) ਸਿਵਲ ਸਕਤਰੇਤ, ਪੰਜਾਬ ਚੰਡੀਗੜ੍ਹ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਵਿਨੈ ਸੋਫਤ
136/1 ਬਲਾਕ 12 ਸਾਹਪੁਰ ਰੋਡ, ਲੁਧਿਆਣਾ ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਏ.ਪੀ.ਜੇ.ਕਾਲਜ਼ ਆਫ ਫਾਈਨ ਆਰਟਸ, ਜਲੰਧਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1069 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਪਰਵੀਨ ਕੁਮਾਰ ਕਲਰਕ (7814045231)

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-10-2019 , ਲੋਕ ਸੂਚਨਾ ਅਧਿਕਾਰੀ ਦਫਤਰ ਏ.ਪੀ.ਜੇ.ਕਾਲਜ਼ ਆਫ ਫਾਈਨ ਆਰਟਸ, ਜਲੰਧਰ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਏ.ਪੀ.ਜੇ.ਕਾਲਿਜ ਤੋਂ ਅਪ੍ਰੈਲ 2014 ਤੋਂ 30-10-2019 ਤੱਕ ਪ੍ਰਿੰਸੀਪਲ ਦੇ ਅਹੁਦੇ ਲਈ ਇੰਟਰਵਿਊ ਨਾਲ ਸਬੰਧਤ 19 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-12-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ। ਇਸ ਕਮਿਸ਼ਨ ਵਲੋਂ ਇਸ ਕੇਸ ਨੂੰ ਪੜਚੋਲਣ ਉਪਰੰਤ ਮਿਤੀ 14-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਪਿਛਲੀ ਮਿਤੀ ਮਿਤੀ 10-2-2020 ਨੂੰ ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਹਿਤੇਸ਼ ਮਲਹੋਤਰਾ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 57805 ਮਿਤੀ 7-2-2020 ਪੇਸ਼ ਕੀਤਾ ਗਿਆ ਅਤੇ ਦਸਿਆ ਗਿਆ ਕਿ ਉਨ੍ਹਾਂ ਨੂੰ ਇਸ ਕੇਸ ਵਿਚ ਨੋਟਿਸ ਅਤੇ ਸ਼ਿਕਾਇਤ ਦੀ ਕਾਪੀ ਮਿਤੀ 25-1-2020 ਨੂੰ ਪ੍ਰਾਪਤ ਹੋਈ ਹੈ ਇਸ ਲਈ ਇਸ ਕੇਸ ਵਿਚ ਉਨ੍ਹਾਂ ਨੂੰ 4 ਹਫਤਿਆਂ ਦਾ ਸਮਾਂ ਦਿੱਤਾ ਜਾਵੇ ਤਾਂ ਜ਼ੋ ਉਹ ਆਪਣਾ ਉੱਤਰ ਤਿਆਰ ਕਰਕੇ ਫਾਇਲ ਕਰ ਸਕਣ।ਅਗਲੀ ਤਰੀਖ ਦਿੱਤੀ ਜਾਵੇ। ਇਸ ਲਈ ਉੱਤਰਦਾਤਾ ਦੀ ਬੇਨਤੀ ਨੂੰ ਪ੍ਰਵਾਨ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਪਰਵੀਨ ਕੁਮਾਰ ਕਲਰਕ ਹਾਜ਼ਰ ਹੋਇਆ, ਉਸ ਵਲੋਂ ਇਸ ਕੇਸ ਵਿਚ ਸ਼ਿਕਾਇਤਕਰਤਾ ਵਲੋਂ ਮੰਗੀ ਗਈ ਸੂਚਨਾ 24 ਪੰਨੇ ਉਸਨੂੰ ਦੇਣ ਲਈ ਲਿਆਂਦੀ ਗਈ । ਪਰ ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ ਉਸਨੂੰ ਹਦਾਇਤ ਕੀਤੀ ਗਈ ਕਿ ਇਹ ਸੂਚਨਾ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਕੇ ਸੂਚਿਤ ਕੀਤਾ ਜਾਵੇ।

5. ਸ਼ਿਕਾਇਤਕਰਤਾ ਪੇਸ਼ੀ ਤੇ ਹਾਜਰ ਨਹੀਂ ਹੋਇਆ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਸ਼ਿਕਾਇਤਕਰਤਾ ਵਲੋਂ ਮੰਗੀ ਗਈ ਸੂਚਨਾ ਲਿਆਂਦੀ ਗਈ ਸੀ ਜ਼ੋ ਕਿ ਉਸ ਵਲੋਂ ਅੱਜ ਹੀ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਰਸੀਦ ਦੀ ਕਾਪੀ ਪੇਸ਼ ਕੀਤੀ ਗਈ ਜ਼ੋ ਮਿਸਲ ਤੇ ਉਪਲਬਧ ਹੈ। ਇਸ ਤਰ੍ਹਾਂ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ ਕੇਸ **ਦਾਖਲ ਦਫਤਰ ਕੀਤਾ** ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 12 **ਮਾਰਚ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸੁਦੇਸ਼ ਕੁਮਾਰ ਸ਼ਰਮਾਂ 9501274063
362 ਫੇਸ 1 ਮੁਹਾਲੀ।                                        -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਪੰਜਾਬ ਸਮਾਲ ਇੰਡਸਟਰੀਜ਼ ਐਂਡ ਟੇਕਸਪੋਰਟ ਕਾਰਪੋਰੇਸ਼ਨ ਲਿਮ: ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਪੰਜਾਬ ਸਮਾਲ ਇੰਡਸਟਰੀਜ਼ ਐਂਡ ਟੇਕਸਪੋਰਟ ਕਾਰਪੋਰੇਸ਼ਨ ਲਿਮ: ਚੰਡੀਗੜ੍ਹ          -----ਉੱਤਰਦਾਤਾ

**ਅਪੀਲ ਕੇਸ ਨੰ: 42 ਆਫ 2020**

**ਹਾਜ਼ਰ**

1) ਅਪੀਲਕਰਤਾ ਸ੍ਰੀ ਸੁਦੇਸ਼ ਕੁਮਾਰ ਸ਼ਰਮਾਂ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮੁਕੇਸ਼ ਕੁਮਾਰ ਅਤੇ ਵਿਨੋਦ ਕੁਮਾਰ, ਡਿਪਟੀ ਮੈਨੇਜਰ (9815155158)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ29-5-2019 , ਲੋਕ ਸੂਚਨਾ ਅਧਿਕਾਰੀ ਪੰਜਾਬ ਸਮਾਲ ਇੰਡਸਟਰੀਜ਼ ਐਂਡ ਟੇਕਸਪੋਰਟ ਕਾਰਪੋਰੇਸ਼ਨ ਲਿਮ: ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੀ.ਐਸ.ਆਈ.ਸੀ. ਵਲੋਂ ਜ਼ਾਰੀ ਕੀਤਾ ਸੋ ਕਾਜ ਨੋਟਿਸ ਨਾਲ ਸਬੰਧਤ 10 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-7-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ  ਮਿਤੀ 11-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 11-2-2020 ਨੂੰ ਅਪੀਲਕਰਤਾ ਸ੍ਰੀ ਸੁਦੇਸ਼ ਕੁਮਾਰ ਸ਼ਰਮਾਂ ਪੇਸ਼ੀ  ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਸਹੀ ਜਾਣਕਾਰੀ ਨਹੀ਼ ਦਿੱਤੀ ਜਾ ਰਹੀ। ਇਸ ਸਬੰਧ ਵਿਚ ਉਸ ਵਲੋਂ ਵਾਰ ਵਾਰ ਰਿਮਾਇੰਡਰ ਵੀ ਦਿੱਤਾ ਜਾ ਰਿਹਾ ਹੈ। ਪਰ ਸੂਚਨਾ ਨਹੀਂ ਦਿੱਤੀ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਕਰਨ ਲਾਂਬਾ, ਸਹਾਇਕ ਅਤੇ ਵਿਨੋਦ ਕੁਮਾਰ, ਡਿਪਟੀ ਮੈਨੇਜਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨ: ਪੀ.ਐਸ.ਆਈ.ਈ.ਸੀ./ਪੀ.ਈ.ਆਰ./ਏ-1/36410-413 ਮਿਤੀ 20-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲੀ ਅਪੀਲੀ ਅਥਾਰਟੀ ਦੇ ਹੁਕੱਮਾਂ ਅਨੁਸਾਰ ਰਿਕਾਰਡ ਦੀ ਇੰਨਸਪੈਕਸਨ ਕਰਵਾ ਕੇ ਮੰਗੀ ਗਈ ਸੂਚਨਾ ਦੇ ਦਿੱਤੀ ਗਈ ਸੀ । ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਅਪੀਲਕਰਤਾ ਨੂੰ ਮੁੜ ਰਿਕਾਰਡ ਦੀ ਇੰਸਪੈਕਸ਼ਨ ਕਰਵਾਈ ਜਾਵੇ ਅਤੇ ਨਿਸ਼ਾਨਦੇਹੀ ਕਰਨ ਤੇ ਉਹ ਰਿਕਾਰਡ ਜ਼ੋ 200 ਪੰਨੇ ਤੋਂ ਘੱਟ ਹੋਵੇ ਤਾਂ ਬਿਨ੍ਹਾਂ ਕਿਸੇ ਅਦਾਇਗੀ ਦੇ ਮੁੱਹਈਆ ਕਰਵਾਈ ਜਾਵੇ ਅਤੇ ਜੇਕਰ ਵੱਧ ਪੰਨੇ ਹੋਣ ਤਾਂ ਰੁ: 2/- ਪ੍ਰਤੀ ਪੰਨਾ ਫੀਸ ਜਮ੍ਹਾਂ ਕਰਵਾ ਕੇ ਦੇ ਦਿੱਤੇ ਜਾਣ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਨਾਲ ਇਹ ਕੇਸ ਅਗਲੀ ਸੁਣਵਾਈ  ਮਿਤੀ  12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਸੁਦੇਸ਼ ਕੁਮਾਰ ਸ਼ਰਮਾਂ ਪੇਸ਼ੀ  ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਮੁਕੰਮਲ ਜਾਣਕਾਰੀ ਨਹੀ਼ ਦਿੱਤੀ ਜਾ ਰਹੀ, ਪੂਰੀ ਮਿਸਲ ਦੀ ਇੰਨਸਪੈਕਸ਼ਨ ਵੀ ਨਹੀਂ ਕਰਵਾਈ ਗਈ। ਪਰ ਸੂਚਨਾ ਨਹੀਂ ਦਿੱਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮੁਕੇਸ਼ ਕੁਮਾਰ ਅਤੇ ਵਿਨੋਦ ਕੁਮਾਰ, ਡਿਪਟੀ ਮੈਨੇਜਰ ਹਾਜ਼ਰ ਹੋਏ, ਉਨ੍ਹਾਂ ਵਲੋਂ ਪੱਤਰ ਨੰ: ਪੀ.ਐਸ.ਆਈ.ਈ.ਸੀ./ਪੀ.ਈ.ਆਰ./ਏ-1/47538 ਮਿਤੀ, 26-2-2020, ਪੱਤਰ ਨੰ: ਪੀ.ਐਸ.ਆਈ.ਈ.ਸੀ./ਪੀ.ਈ.ਆਰ./ਏ-1/4 8518-21 ਮਿਤੀ, 05-03-2020 ਪੇਸ਼ ਕੀਤੇ ਗਏ। ਪਤਰ ਮਿਸਲ ਤੇ ਰੱਖ ਲਏ ਗਏ ਹਨ।

5. ਅਪੀਲਕਰਤਾ ਵਲੋਂ ਦਸੇ ਅਨੁਸਾਰ ਉਸਨੂੰ ਮੁਕੰਮਲ ਰਿਕਾਰਡ ਦੀ ਇੰਨਸਪੈਸ਼ਨ ਨਹੀਂ ਕਰਵਾਈ ਗਈ ਅਤੇ ਨਾ ਹੀ ਮੁਕੰਮਲ ਸੂਚਨਾ ਦਿੱਤੀ ਗਈ ਹੈ। ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰਾਂ ਰਾਹੀਂ ਅਪੀਲਕਰਤਾ ਨੂੰ ਮਿਤੀ 12-2-2020 ਅਤੇ 20-2-2020 ਨੂੰ ਰਿਕਾਰਡ ਦੀ ਇੰਨਸਪੈਕਸ਼ਨ ਕਰਵਾ ਦਿੱਤੀ ਗਈ ਹੈ ਅਤੇ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ । ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ।  ਇਹ ਅਪੀਲ ਕੇਸ ਦਾਖਲ ਦਫਤਰ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ:  ਚੰਡੀਗੜ੍ਹ,  12 ਮਾਰਚ, 2020.          ਰਾਜ ਸੂਚਨਾ  ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮਨਜਿੰਦਰ ਸਿੰਘ, ਮੋ: 98720-15069
2469, ਸੱਨੀ ਐਨਕਲੇਵ, ਸੈਕਟਰ, 125,
ਖਰੜ, ਜਿਲਾ ਮੋਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ
ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲਕੇਸ ਨੰ: 3729 /2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਗੁਰਚਰਨ ਸਿੰਘ ਸੰਧੂ, ਆਰ.ਟੀ.ਏ.।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-07-2019 , ਲੋਕ ਸੂਚਨਾ ਅਧਿਕਾਰੀ ਦਫਤਰ, ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰਾਂਸਪੋਰਟ ਵਿਭਾਗ ਸੰਗਰੂਰ ਤੋਂ ਜੂਨ ਤੋਂ ਸਤੰਬਰ, 2017 ਤੱਕ ਚਲਾਨਾਂ ਨਾਲ ਸਬੰਧ 05 ਨੁਕਤਿਆਂ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 04-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 11-02-2020 ਨੂੰ ਦੋਨਾਂ ਧਿਰਾਂ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਨੁਕਤਾਵਾਰ ਅਤੇ ਸਹੀ ਸੂਚਨਾ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਭੇਜ਼ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 12-3-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ_ਗਿਆ ਸੀ।

3. ਅਪੀਲਕਰਤਾ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਉਸਨੂੰ ਮੰਗੀ ਗਈ ਸੂਚਨਾ ਮੁੱਈਆ ਕਰਵਾ ਦਿੱਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਗੁਰਚਰਨ ਸਿੰਘ ਸੰਧੂ, ਆਰ.ਟੀ.ਏ. ਹਾਜ਼ਰ ਹੋਏ, ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਜਿਸਦੀ ਪੁਸ਼ਟੀ ਅਪੀਲਕਰਤਾ ਵਲੋਂ ਕੀਤੀ ਗਈ। ਇਸ ਤਰ੍ਹਾਂ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 12, **ਮਾਰਚ,** 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮਨਜਿੰਦਰ ਸਿੰਘ, ਮੋ: 98720-15069
2469, ਸੱਨੀ ਐਨਕਲੇਵ, ਸੈਕਟਰ, 125,
ਖਰੜ, ਜਿਲਾ ਮੋਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ
ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲਕੇਸ ਨੰ: 3730 /2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੁਰਪ੍ਰੀਤ ਸਿੰਘ ਡੀ.ਈ.ਓ.(9914614777)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-07-2019 , ਲੋਕ ਸੂਚਨਾ ਅਧਿਕਾਰੀ ਦਫਤਰ, ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰਾਂਸਪੋਰਟ ਵਿਭਾਗ ਫਿਰੋਜ਼ਪੁਰ ਤੋਂ ਸਤੰਬਰ ਤੋਂ ਦਸੰਬਰ, 2017 ਤੱਕ ਚਲਾਨਾਂ ਨਾਲ ਸਬੰਧ 14 ਨੁਕਤਿਆਂ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 04-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 11-02-2020 ਨੂੰ ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਦੋਨਾਂ ਧਿਰਾਂ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਨੁਕਤਾਵਾਰ ਅਤੇ ਸਹੀ ਸੂਚਨਾ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਭੇਜ਼ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 12-3-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਉਸਨੂੰ ਮੰਗੀ ਗਈ ਸੂਚਨਾ ਮੁੱਈਆ ਕਰਵਾ ਦਿੱਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਗੁਰਪ੍ਰੀਤ ਸਿੰਘ ਡੀ.ਈ.ਓ. ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਜਿਸਦੀ ਪੁਸ਼ਟੀ ਅਪੀਲਕਰਤਾ ਵਲੋਂ ਕੀਤੀ ਗਈ। ਇਸ ਤਰ੍ਹਾਂ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 12, ਮਾਰਚ, 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰਘੂਨਾਥ ਪੁੱਤਰ ਸ੍ਰੀ ਨੀਸ਼ਾ ਰਾਮ
ਪਿੰਡ ਕੱਟਾ ਬਾਸ ਚਬਰੇਵਾਲ, ਬਲਾਕ ਨੂਰਪੁਰਬੇਦੀ,
ਤਹਿਸੀਲ ਅਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਡਿਪਟੀ ਕਮਿਸ਼ਨਰ, ਰੂਪ ਨਗਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1007 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਸ੍ਰੀ ਰਘੂਨਾਥ ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸੀਰੀ ਕਾਂਤ, ਕਲਰਕ (988497183) ਅਤੇ ਸ੍ਰੀ ਗੁਰਨਾਮ ਸਿੰਘ ਕਲਰਕ।

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-9-2019 , ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਰੂਪ ਨਗਰ ਨੂੰ ਬਿਨੈਪੱਤਰ ਪੇਸ਼ ਕੀਤਾ ਗਿਆ ਸੀ। ਜਿਸ ਰਾਹੀਂ ਉਸ ਨੇ ਅਰਜੀ ਮਿਤੀ 18-6-2019 ਨੂੰ ਰਜਿਸਟਰਡ ਪੱਤਰ ਰਾਹੀਂ ਗੈਰ ਕਾਨੂੰਨੀ ਹੋ ਰਹੀ ਮਾਇੰਨਿੰਗ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-11-2019 ਨੂੰ ਕਮਿਸ਼ਨ ਕੋਲ ਦੂਜੀ ਸ਼ਿਕਾਇਤ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 10-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਮਿਤੀ 17-1-2020 ਨੂੰ ਜ਼ਾਰੀ ਨੋਟਿਸ ਰਾਹੀਂ ਇਹ ਕੇਸ ਮੁਲਤਵੀ ਕਰਕੇ ਅਗਲੀ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 25-02-2020 ਨੂੰ ਸ਼ਿਕਾਇਤਕਰਤਾ ਸ੍ਰੀ ਰਘੂਨਾਥ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਅਜੇ ਤੱਕ ਨਹੀਂ ਦਿੱਤੀ ਗਈ । ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸੀਰੀ ਕਾਂਤ, ਕਲਰਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 2019/ਆਰ.ਟੀ.ਆਈ./1094 ਮਿਤੀ 23-10-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ। ਉੱਤਰਦਾਤਾ ਵਲੋਂ ਪੇਸ ਕੀਤੇ ਗਏ ਉਕਤ ਪੱਤਰ ਮਿਤੀ 23-10-2019 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਕਿ ਮੰਗੀ ਗਈ ਸੂਚਨਾ ਉਨ੍ਹਾਂ ਦੇ ਦਫਤਰ ਦੇ ਪੱਤਰ ਨ: 286-2019/ਆਰ.ਟੀ.ਆਈ. 979 ਮਿਤੀ 10-10-2019 ਰਾਹੀਂ ਭੇਜੀ ਜਾ ਚੁੱਕੀ ਹੈ। ਇਸ ਪੱਤਰ ਰਾਹੀਂ ਜਿਲਾ ਮਾਲ ਅਫਸਰ ਵਲੋਂ ਮੀਮੋ ਨੰ: 2209/ਏ.ਡੀ.ਆਰ.ਏ 3 ਮਿਤੀ 30-9-2019 ਰਾਹੀਂ ਦਸਿਆ ਗਿਆ ਕਿ ਉਸਦੀ ਅਰਜੀ ਕਾਰਵਾਈ ਲਈ ਉਪ ਮੰਡਲ ਮੈਜਿਸਟਰੇਟ ਸ੍ਰੀ ਅਨੰਦਪੁਰ ਸਾਹਿਬ ਨੂੰ ਭੇਜੀ ਹੋਈ ਹੈ ਜ਼ੋ ਕਾਰਵਾਈ ਅਧੀਨ ਹੈ, ਇਸ ਤੋਂ ਇਲਾਵਾ ਪਟਵਾਰੀ ਦੀ ਰਿਪੋਰਟ ਸਬੰਧਤ ਤਹਿਸੀਲਕਾਰ ਪਾਸੋ ਪ੍ਰਾਪਤ ਕੀਤੀ ਜਾ ਸਕਦੀ ਹੈ।ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਪਬਲਿਕ ਇੰਟਰੈਸਟ ਦਾ ਕੰਮ ਹੈ ਅਤੇ ਅਪੀਲਕਰਤਾ ਆਪ ਵੀ ਪੀੜਤ ਹੈ, ਉਸ ਵਲੋਂ ਮਿਤੀ 18-6-2019 ਨੂੰ ਰਜਿਸਟਰਡ ਪੱਤਰ ਰਾਹੀਂ ਅਰਜੀ ਦਿੱਤੀ ਗਈ ਸੀ, ਵਿਭਾਗ ਵਲੋਂ ਦਸਿਆ ਗਿਆ ਹੈ ਕਿ ਅਜੇ ਕਾਰਵਾਈ ਮੁਕੰਮਲ ਨਹੀਂ ਹੋਈ। ਉੱਤਰਦਾਤਾ ਵਲੋਂ ਭੇਜੀ ਗਈ ਸੂਚਨਾ ਵਿਚ ਡਿਪਟੀ ਕਮਿਸ਼ਨਰ ਰੂਪਨਗਰ ਵਲੋਂ ਉਪ ਮੰਡਲ ਮੈਜਿਸਟਰੇਟ ਸ੍ਰੀ ਅਨੰਦਪੁਰ ਸਾਹਿਬ ਨੂੰ ਅਪੀਲਕਰਤਾ ਦੀ ਸਿਕਾਇਤ ਪੱਤਰ ਮਿਤੀ 1-7-2019 ਰਾਹੀਂ ਭੇਜੀ ਗਈ ਸੀ ਅਤੇ ਹਫਤੇ ਦੇ ਅੰਦਰ ਅੰਦਰ ਰਿਪੋਰਟ ਮੰਗੀ ਗਈ ਸੀ, ਇਸ ਉਪਰੰਤ ਪਤਰ ਮਿਤੀ 18-9-2019 ਰਾਹੀਂ ਰਿਮਾਇਡਰ ਵੀ ਦਿੱਤਾ ਗਿਆ ਪਰ ਰਿਪੋਰਟ ਨਹੀਂ ਭੇਜੀ ਗਈ। ਇਸ ਤਰ੍ਹਾਂ ਇਸ ਕੇਸ ਵਿਚ ਪਹਿਲਾਂ ਹੀ ਕਾਫੀ ਸਮਾਂ ਬੀਤ ਚੁੱਕਾ ਹੈ, ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਦਿੱਤੀ ਗਈ ਅਰਜੀ ਤੇ ਕੀਤੀ ਗਈ ਕਾਰਵਾਈ ਸਬੰਧੀ ਵਿਸਥਾਰਪੂਰਵਕ ਵੇਰਵੇ ਸਹਿਤ ਦਸਿਆ ਜਾਵੇ ਕਿ ਇਹ ਅਰਜੀ ਕਦੋਂ ਕਦੋਂ ਕਿਸਨੂੰ ਭੇਜੀ ਗਈ । ਇਸ ਕੇਸ ਵਿਚ ਕਿਸ ਕਿਸ ਨੂੰ ਬੁਲਾਇਆ ਗਿਆ, ਅਪੀਲਕਰਤਾ ਨੂੰ ਕਦੋਂ ਬੁਲਾਇਆ ਗਿਆ ਅਤੇ ਕਦੋਂ ਬਿਆਨ ਲਏ ਗਏ, ਰਿਪੋਰਟ ਤਿਆਰ ਕਰਨ ਵਿਚ ਇਤਨੀ ਦੇਰ ਹੋਂਣ ਦੇ ਕੀ ਕਾਰਨ ਹਨ ਸਬੰਧੀ ਦਸਿਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਸ਼ਿਕਾਇਤਕਰਤਾ ਸ੍ਰੀ ਰਘੂਨਾਥ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਵੀ ਮੁਕੰਮਲ

ਪਰਤੋ ਜੀ-----ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਸੂਚਨਾ ਨਹੀਂ ਦਿੱਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸੀਰੀ ਕਾਂਤ, ਕਲਰਕ (988497183) ਅਤੇ ਸ੍ਰੀ ਗੁਰਨਾਮ ਸਿੰਘ ਕਲਰਕ ਹਾਜ਼ਰ ਹੋਏ, ਉਨ੍ਹਾਂ ਵਲੋਂ ਪੱਤਰ ਨੰ: ਆਰ.ਟੀ.ਆਈ.346 ਮਿਤੀ 11-3-2020 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਸ਼ਿਕਾਇਤਕਰਤਾ ਨੂੰ ਉਤਾਰਾ ਕੀਤਾ ਗਿਆ ਹੈ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਉਕਤ ਪੱਤਰ ਰਾਹੀਂ ਲਿਆਂਦੀ ਗਈ ਸੂਚਨਾ ਪੇਸ਼ੀ ਦੋਰਾਨ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ ਵਲੋਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ ਕੇਸ ਦਾਖਲ ਦਫਤਰ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 12 ਮਾਰਚ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸੁਖਵਿੰਦਰ ਸਿੰਘ, ਪੁੱਤਰ ਸ੍ਰੀ ਲਾਲ ਸਿੰਘ,
ਵਾਰਡ ਨੰ: 3/112, ਸੰਗਤ ਨਗਰ, ਧੂਰੀ, ਜਿਲਾ ਸੰਗਰੂਰ ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ, ਈ.ਓ., ਐਨ ਸੀ,
ਧੂਰੀ, ਜਿਲਾ ਸੰਗਰੂਰ ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ, ਲੋਕਲ ਗੋਰਮਿੰਟ, ਪਟਿਆਲਾ । -----------ਉੱਤਰਦਾਤਾ

**ਅਪੀਲ ਕੇਸ ਨੰ: 3664/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-03-2019, ਲੋਕ ਸੂਚਨਾ ਅਧਿਕਾਰੀ ਦਫਤਰ ਈ.ਓ. ਐਨ.ਸੀ. ਧੂਰੀ, ਜਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇਕ 5 ਵਿਸਵੇ ਦੇ ਪਲਾਟ ਦੀ ਖਰੀਦ ਰਜਿਸਟਰੀ ਮਿਤੀ 13-02-2017 ਨੂੰ ਸਬ ਰਜਿਸਟਰਾਰ ਧੂਰੀ ਪਾਸੋ ਕਰਵਾਈ ਸੀ । ਉਸ ਵਲੋਂ ਇਸ ਪਲਾਟ ਤੇ ਬੈਂਕ ਪਾਸੋ ਲੋਨ ਲੈ ਕੇ ਮਕਾਨ ਦੀ ਉਸਾਰੀ ਕੀਤੀ ਜਾਣੀ ਹੈ, ਜਿਸ ਸਬੰਧੀ ਵਿਚ ਉਸਨੂੰ ਦਸਤਾਵੇਜ਼ਾਂ ਦੀ ਲੋੜ ਹੈ ਜਿਸ ਕਰਕੇ ਉਸ ਵਲੋਂ ਇਨ੍ਹਾਂ ਦਸਤਾਵੇਜ਼ਾਂ ਅਤੇ ਸਰਕਾਰ ਦੇ ਰੂਲਾਂ ਨੋਟਿਫਿਕੇਸ਼ਨਾਂ ਆਦਿ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 11-02-2020 ਨੂੰ ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 12-3-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਮਿਤੀ 09-03-2020 ਨੂੰ ਈ.ਮੇਲ. ਰਾਹੀਂ ਪੱਤਰ ਮਿਤੀ 9 ਮਾਰਚ, 2020 ਭੇਜਿਆ ਗਿਆ ਹੈ, ਜੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਜਾਣਕਾਰੀ ਪ੍ਰਾਪਤ ਹੋਈ ਹੈ।

5. ਇਸ ਕੇਸ ਵਿਚ ਪਿਛਲੀ ਕਿਸੇ ਵੀ ਮਿਤੀ ਤੇ ਨਾ ਤਾਂ ਅਪੀਲਕਰਤਾ ਅਤੇ ਨਾ ਹੀ ਉੱਤਰਦਾਤਾ ਵਲੋਂ ਕੋਈ ਹਾਜ਼ਰ ਹੋਇਆ। ਅਪੀਲਕਰਤਾ ਵਲੋਂ ਮਿਤੀ 09-3-2020 ਨੂੰ ਈ.ਮੇਲ. ਰਾਹੀਂ ਪੱਤਰ ਮਿਤੀ 9 ਮਾਰਚ, 2020 ਭੇਜਿਆ ਗਿਆ ਹੈ, ਜੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਲਿਖਿਆ ਗਿਆ ਹੈ ਕਿ ਉਸ ਵਲੋਂ ਪਹਿਲਾਂ ਮਿਤੀ 5-2-2020 ਨੂੰ ਵੀ ਮੇਲ ਕਰ ਚੁੱਾ ਸੀ ਕਿ ਉਹ ਇਸ ਕੇਸ ਨੂੰ ਅੰਡਰ ਪਰੋਟੈਸਟ ਵਾਪਿਸ ਲੈ ਰਿਹਾ ਹੈ, ਇਸ ਲਈ ਉਸਦੇ ਕੇਸ ਨੂੰ ਅੰਡਰ ਪਰੋਟੈਸਟ ਵਾਪਿਸ ਕੀਤਾ ਜਾਵੇ ਤਾਂ ਜੋ ਭਵਿਖ ਵਿਚ ਇਸ ਕੇਸ ਨੂੰ ਦੁਬਾਰਾ ਅਪੀਲ ਕਰਕੇ ਸੂਚਨਾ ਹਾਸਲ ਕਰ ਸਕੇ। ਇਥੇ ਸਪੱਸ਼ਟ ਕੀਤਾ ਜਾਂਦਾ ਹੈ ਕਿ ਅਪੀਲਕਰਤਾ ਵਲੋਂ ਪਹਿਲਾਂ ਵੀ ਇਸ ਬੈਂਚ ਪਾਸ ਵਖਰੇ ਕੇਸ ਵਿਚ ਮਾਫੀਨਾਮਾਂ ਪੇਸ਼ ਕੀਤਾ ਗਿਆ ਸੀ ਕਿ ਉਸ ਵਲੋਂ ਕਮਿਸ਼ਨ ਪ੍ਰਤੀ ਵਰਤੀ ਗਈ ਸ਼ਬਦਾਵਲੀ ਕਿਸੇ ਵਿਅਕਤੀ ਵਿਸ਼ੇਸ਼ ਦੇ ਕਹਿਣ ਤੇ ਲਿਖੀ ਗਈ ਸੀ। ਇਸ ਤਰ੍ਹਾਂ ਇਹ ਕੇਸ ਉਸ ਵਲੋਂ ਵਾਪਸ ਲੈਣ ਲਈ ਦਿੱਤੀ ਗਈ ਪ੍ਰਤੀ ਬੇਨਤੀ ਤੇ ਵਿਚਾਰ ਕਰਦੇ ਹੋਏ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 12 ਮਾਰਚ, 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰੋਹੀਤ ਸਭਰਵਾਲ,
ਪ੍ਰਧਾਨ, ਕੁਨਦਨ ਭਵਨ, 126 ਮੋਡਲ ਗਰਾਂਮ, ਲੁਧਿਆਣਾ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ
ਕਰਾਇਮ ਪੰਜਾਬ ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਨਸਪੈਕਟਰ ਜਨਰਲ ਆਫ ਪੁਲਿਸ,
ਕਰਾਇਮ ਪੰਜਾਬ ਚੰਡੀਗੜ੍ਹ। -----ਉੱਤਰਦਾਤਾ

**ਅਪੀਲ ਕੇਸ ਨੰ: 2688 ਆਫ 2019**

**ਹਾਜ਼ਰ:**

1. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ (9988251671)।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰਤਨਦੀਪ ਸਿੰਘ, ਹੈਡ ਕੰਸਟੇਬਲ (9855911119)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-04-2020, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ ਕਰਾਇਮ ਪੰਜਾਬ ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ। ਜਿਸ ਰਾਹੀਂ ਉਸ ਨੇ ਪੁਲਿਸ ਵਿਭਾਗ ਤੋਂ ਸਾਲ 2015 ਤੋਂ ਪੰਜਾਬ ਵਿਚ ਸਨੈਚਿੰਗ ਸਬੰਧੀ ਰਿਪੋਰਟ ਨਾਲ ਸਬੰਧਤ 03 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਕੇਸ ਵਿਚ ਪੁਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੋਂ ਅਗਲੀ ਮਿਤੀ ਬਾਰੇ ਬਾਅਦ ਵਿਚ ਸੂਚਿਤ ਕਰਨ ਲਈ ਲਿਖਿਆ ਗਿਆ ਸੀ। ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਹੋਣ ਉਪਰੰਤ ਇਸ ਕਮਿਸ਼ਨ ਵਲੋਂ ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 20-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 03-02-2020 ਨੂੰ ਅਪੀਲਕਰਤਾ ਵਲੋਂ ਮੈਡਮ ਸੁਖਵਿੰਦਰ ਕੋਰ ਵਕੀਲ ਪੇਸ਼ ਹੋਈ। ਉਸ ਵਲੋਂ ਆਥਾਰਟੀ ਲੈਟਰ ਪੇਸ਼ ਕੀਤਾ ਗਿਆ। ਅਪੀਲਕਰਤਾ ਨੇ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਦਿਤਾ ਗਿਆ ਉੱਤਰ ਸਹੀਂ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਪਰਸ਼ੋਤਮ ਕੁਮਾਰ, ਏ.ਐਸ.ਆਈ. ਹਾਜ਼ਰ ਹੋਇਆ ਸੀ ਉਸ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਪਹਿਲਾਂ ਹੀ ਮੰਗੀ ਗਈ ਸੂਚਨਾ ਦਿਤੀ ਜਾ ਚੁੱਕੀ ਹੈ। ਇਸ ਮਾਮਲੇ ਤੇ ਡੂੰਘਾਈ ਨਾਲ ਘੋਖ-ਵਿਚਾਰ ਕਰਨ ਲਈ ਇਹ ਕੇਸ ਰਿਜ਼ਰਵ ਰੱਖਿਆ ਗਿਆ ਸੀ।

3. ਇਸ ਕੇਸ ਵਿਚ ਮਿਤੀ 10-02-2020 ਨੂੰ ਜ਼ਾਰੀ ਹੁਕੱਮਾਂ ਅਨੁਸਾਰ ਦਸਿਆ ਗਿਆ ਸੀ ਕਿ ਅਪੀਲਕਰਤਾ ਵਲੋਂ ਪੇਸ਼ ਕੀਤੀ ਗਈ ਦਲੀਲ ਕਿ ਮੰਗੀ ਗਈ ਸੂਚਨਾ ਦਾ ਸਬੰਧ ਪੰਜਾਬ ਰਾਜ ਦੇ ਵੱਖ ਵੱਖ ਜਿਲ੍ਹਿਆਂ /ਯੂਨਿਟਾਂ ਨਾਲ ਹੈ ਇਸ ਲਈ ਸਬੰਧਤ ਪੀ.ਆਈ.ਓਜ ਤੋਂ ਆਪਣੇ ਪੱਧਰ ਤੇ ਸੂਚਨਾ ਹਾਸਲ ਕਰੇ, ਇਹ ਸੂਚਨਾ ਸਹੀ ਨਹੀਂ ਅਤੇ ਮੰਨਣ ਯੋਗ ਨਹੀਂ ਹੈ। ਕਿਉਂਜੋ ਅਪੀਲਕਰਤਾ ਵਲੋਂ ਪੇਸ਼ ਕੀਤੀ ਗਏ ਦਸਤਾਵੇਜ਼ਾਂ ਨੂੰ ਘੋਖਣ /ਵਿਚਾਰਨ ਉਪਰੰਤ ਇਹ ਪਾਇਆ ਗਿਆ ਕਿ ਜਿਲਿਆਂ ਵਲੋਂ ਏ.ਡੀ.ਜੀ.ਪੀ./ਸੁਰਖਿਆ,ਕਰਾਇਮ,ਇੰਟੈਲੀਜੈਟ, ਲਾਅ ਐਂਡ ਆਰਡਰ, ਆਈ.ਜੀ.ਪੀ./ਕਰਾਇੰਮ ਅਤੇ ਇੰਚਾਰਜ ਕੰਟਰੋਲ ਰੂਮ ਪੰਜਾਬ ਚੰਡੀਗੜ੍ਹ ਨੂੰ ਸੂਚਨਾ ਭੇਜੀ ਜਾਂਦੀ ਹੈ, ਇਸ ਗੱਲ ਦੀ ਪੁਸ਼ਟੀ ਇਸ ਤੋਂ ਵੀ ਹੁੰਦੀ ਹੈ ਕਿ ਅੱਜ ਪੇਸ਼ੀ ਦੋਰਾਨ ਵਿਭਾਗ ਵਲੋਂ ਅਪੀਲ ਕੇਸ ਨੰ: 2691 ਆਫ 2019 ਵਿਚ ਪੱਤਰ ਨ: 367/ਸਪੈਸ਼ਲ ਸੈਲ/ਕਰਾਇਮ, ਮਿਤੀ 03-02-2020 ਰਾਹੀਂ ਗੁੰਮਸੁਦਾ/ਕੀਡਨੈਪ ਕੀਤੇ ਬੱਚਿਆਂ ਸੰਬਧੀ ਅਪੀਲਕਰਤਾ ਨੂੰ ਸੂਚਨਾ ਮੁਹੀਆਂ ਕਰਵਾਈ ਗਈ ਹੈ, ਇਸ ਲਈ ਇਹ ਸੂਚਨਾ ਵੀ ਦਿੱਤੀ ਗਈ ਜਾ ਸਕਦੀ ਹੈ। ਇਸ ਤਰ੍ਹਾਂ ਇਹ ਸੂਚਨਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ ਕਰਾਇਮ, ਪੰਜਾਬ, ਚੰਡੀਗੜ੍ਹ ਪਾਸ ਉਪਲਭਧ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਇਹ ਕੇਸ ਅਗਲੀ ਸੁਣਵਾਈ ਮਿਤੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 2688 ਆਫ 2019**

12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ ਹਾਜ਼ਰ ਹੋਈ, ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

5. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰਤਨਦੀਪ ਸਿੰਘ, ਹੈਡ ਕੰਸਟੇਬਲ ਹਾਜ਼ਰ ਹੋਇਆ, ਉਸ ਵਲੋਂ ਲਿਆਂਦੀ ਗਈ ਸੂਚਨਾ ਪੇਸ਼ੀ ਦੋਰਾਨ ਪੇਸ਼ ਕੀਤੀ ਗਈ ਜ਼ੋ ਅਪੀਲਕਰਤਾ ਵਲੋਂ ਵਾਚਣ ਉਪਰੰਤ ਦਸਿਆ ਗਿਆ ਕਿ ਇਹ ਸੂਚਨਾ ਠੀਕ ਨਹੀਂ। ਇਸ ਲਈ ਉੱਤਰਦਾਤਾ ਵਲੋਂ ਇਸ ਸਬੰਧ ਵਿਚ ਸਮੇਂ ਦੀ ਮੰਗ ਕੀਤੀ ਗਈ । ਇਸ ਲਈ ਇਹ **ਅਪੀਲ ਕੇਸ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 12 ਮਾਰਚ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰੋਹੀਤ ਸਭਰਵਾਲ,
ਪ੍ਰਧਾਨ, ਕੁਨਦਨ ਭਵਨ, 126 ਮੋਡਲ ਗਰਾਂਮ, ਲੁਧਿਆਣਾ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ
ਕਰਾਇਮ ਪੰਜਾਬ ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਨਸਪੈਕਟਰ ਜਨਰਲ ਆਫ ਪੁਲਿਸ,
ਕਰਾਇਮ ਪੰਜਾਬ ਚੰਡੀਗੜ੍ਹ। -----ਉੱਤਰਦਾਤਾ

**ਅਪੀਲ ਕੇਸ ਨੰ: 2689 ਆਫ 2019**

**ਹਾਜ਼ਰ:**

1. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ (9988251671)।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਪਰਸ਼ੋਤਮ ਕੁਮਾਰ, ਏ.ਐਸ.ਆਈ. 9417131510

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-04-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ ਕਰਾਇਮ ਪੰਜਾਬ ਚੰਡੀਗੜ ਨੂੰ ਪੇਸ਼ ਕੀਤਾ ਸੀ। ਜਿਸ ਰਾਹੀਂ ਉਸ ਨੇ ਪੁਲਿਸ ਵਿਭਾਗ ਤੋਂ ਸਾਲ 2015 ਤੋਂ ਪੰਜਾਬ ਵਿਚ ਮਰਡਰ ਕੇਸਾਂ ਸਬੰਧੀ ਰਿਪੋਰਟ ਨਾਲ ਸਬੰਧਤ 03 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ । ਇਸ ਕੇਸ ਵਿਚ ਪੁਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੋਂ ਅਗਲੀ ਮਿਤੀ ਬਾਰੇ ਬਾਅਦ ਵਿਚ ਸੂਚਿਤ ਕਰਨ ਲਈ ਲਿਖਿਆ ਗਿਆ ਸੀ। ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਹੋਣ ਉਪਰੰਤ ਇਸ ਕਮਿਸ਼ਨ ਵਲੋਂ ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 20-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਪਿਛਲੀ ਮਿਤੀ 03-02-2020 ਨੂੰ ਅਪੀਲਕਰਤਾ ਵਲੋਂ ਮੈਡਮ ਸੁਖਵਿੰਦਰ ਕੋਰ ਵਕੀਲ ਪੇਸ਼ ਹੋਈ। ਉਸ ਵਲੋਂ ਆਥਾਰਟੀ ਲੈਟਰ ਪੇਸ਼ ਕੀਤਾ ਗਿਆ। ਅਪੀਲਕਰਤਾ ਨੇ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਦਿਤਾ ਗਿਆ ਉੱਤਰ ਸਹੀਂ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਪਰਸ਼ੋਤਮ ਕੁਮਾਰ, ਏ.ਐਸ.ਆਈ. ਹਾਜ਼ਰ ਹੋਇਆ ਸੀ ਉਸ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਪਹਿਲਾਂ ਹੀ ਮੰਗੀ ਗਈ ਸੂਚਨਾ ਦਿਤੀ ਜਾ ਚੁੱਕੀ ਹੈ। ਇਸ ਮਾਮਲੇ ਤੇ ਡੂੰਘਾਈ ਨਾਲ ਘੋਖ-ਵਿਚਾਰ ਕਰਨ ਲਈ ਇਹ ਕੇਸ ਰਿਜ਼ਰਵ ਰੱਖਿਆ ਗਿਆ ਸੀ।

3. ਇਸ ਕੇਸ ਵਿਚ ਮਿਤੀ 10-02-2020 ਨੂੰ ਜ਼ਾਰੀ ਹੁਕੱਮਾਂ ਅਨੁਸਾਰ ਦਸਿਆ ਗਿਆ ਸੀ ਕਿ ਅਪੀਲਕਰਤਾ ਵਲੋਂ ਪੇਸ਼ ਕੀਤੀ ਗਈ ਦਲੀਲ ਕਿ ਮੰਗੀ ਗਈ ਸੂਚਨਾ ਦਾ ਸਬੰਧ ਪੰਜਾਬ ਰਾਜ ਦੇ ਵੱਖ ਵੱਖ ਜਿਲ੍ਹਿਆਂ /ਯੂਨਿਟਾਂ ਨਾਲ ਹੈ ਇਸ ਲਈ ਸਬੰਧਤ ਪੀ.ਆਈ.ਓਜ ਤੋਂ ਆਪਣੇ ਪੱਧਰ ਤੇ ਸੂਚਨਾ ਹਾਸਲ ਕਰੇ, ਇਹ ਸੂਚਨਾ ਸਹੀ ਨਹੀਂ ਅਤੇ ਮੰਨਣ ਯੋਗ ਨਹੀਂ ਹੈ। ਕਿਉਂਜੋ ਅਪੀਲਕਰਤਾ ਵਲੋਂ ਪੇਸ਼ ਕੀਤੀ ਗਏ ਦਸਤਾਵੇਜ਼ਾਂ ਨੂੰ ਘੋਖਣ /ਵਿਚਾਰਨ ਉਪਰੰਤ ਇਹ ਪਾਇਆ ਗਿਆ ਕਿ ਜਿਲਿਆਂ ਵਲੋਂ ਏ.ਡੀ.ਜੀ.ਪੀ./ਸੁਰਖਿਆ,ਕਰਾਇਮ,ਇੰਟੈਲੀਜੈਂਟ, ਲਾਅ ਐਂਡ ਆਰਡਰ, ਆਈ.ਜੀ.ਪੀ./ਕਰਾਇੰਮ ਅਤੇ ਇੰਚਾਰਜ ਕੰਟਰੋਲ ਰੂਮ ਪੰਜਾਬ ਚੰਡੀਗੜ੍ਹ ਨੂੰ ਸੂਚਨਾ ਭੇਜੀ ਜਾਂਦੀ ਹੈ, ਇਸ ਗੱਲ ਦੀ ਪੁਸ਼ਟੀ ਇਸ ਤੋਂ ਵੀ ਹੁੰਦੀ ਹੈ ਕਿ ਅੱਜ ਪੇਸ਼ੀ ਦੋਰਾਨ ਵਿਭਾਗ ਵਲੋਂ ਅਪੀਲ ਕੇਸ ਨੰ: 2691 ਆਫ 2019 ਵਿਚ ਪੱਤਰ ਨ: 367/ਸਪੈਸ਼ਲ ਸੈਲ/ਕਰਾਇਮ, ਮਿਤੀ 03-02-2020 ਰਾਹੀਂ ਗੁੰਮਸੁਦਾ/ਕੀਡਨੈਪ ਕੀਤੇ ਬੱਚਿਆਂ ਸੰਬਧੀ ਅਪੀਲਕਰਤਾ ਨੂੰ ਸੂਚਨਾ ਮੁਹੱਈਆਂ ਕਰਵਾਈ ਗਈ ਹੈ, ਇਸ ਲਈ ਇਹ ਸੂਚਨਾ ਵੀ ਦਿੱਤੀ ਗਈ ਜਾ ਸਕਦੀ ਹੈ। ਇਸ ਤਰ੍ਹਾਂ ਇਹ ਸੂਚਨਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ ਕਰਾਇਮ, ਪੰਜਾਬ, ਚੰਡੀਗੜ੍ਹ ਪਾਸ ਉਪਲਭਧ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਇਹ ਕੇਸ ਅਗਲੀ ਸੁਣਵਾਈ ਮਿਤੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 2689 ਆਫ 2019**

12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ ਹਾਜ਼ਰ ਹੋਈ, ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

5. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰਤਨਦੀਪ ਸਿੰਘ, ਹੈਡ ਕੰਸਟੇਬਲ ਹਾਜ਼ਰ ਹੋਇਆ, ਉਸ ਵਲੋਂ ਲਿਆਂਦੀ ਗਈ ਸੂਚਨਾ ਪੇਸ਼ੀ ਦੋਰਾਨ ਪੇਸ਼ ਕੀਤੀ ਗਈ ਜ਼ੋ ਅਪੀਲਕਰਤਾ ਵਲੋਂ ਵਾਚਣ ਉਪਰੰਤ ਦਸਿਆ ਗਿਆ ਕਿ ਇਹ ਸੂਚਨਾ ਠੀਕ ਨਹੀਂ। ਇਸ ਲਈ ਉੱਤਰਦਾਤਾ ਵਲੋਂ ਇਸ ਸਬੰਧ ਵਿਚ ਸਮੇਂ ਦੀ ਮੰਗ ਕੀਤੀ ਗਈ । ਇਸ ਲਈ ਇਹ **ਅਪੀਲ ਕੇਸ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 12 ਮਾਰਚ, 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰੋਹੀਤ ਸਭਰਵਾਲ,
ਪ੍ਰਧਾਨ, ਕੁਨਦਨ ਭਵਨ, 126 ਮੋਡਲ ਗਰਾਂਮ, ਲੁਧਿਆਣਾ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ
ਕਰਾਇਮ ਪੰਜਾਬ ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਨਸਪੈਕਟਰ ਜਨਰਲ ਆਫ ਪੁਲਿਸ,
ਕਰਾਇਮ ਪੰਜਾਬ ਚੰਡੀਗੜ੍ਹ। -----ਉੱਤਰਦਾਤਾ

**ਅਪੀਲ ਕੇਸ ਨੰ: 2690 ਆਫ 2019**

**ਹਾਜ਼ਰ:**

1. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ (9988251671)।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਪਰਸ਼ੋਤਮ ਕੁਮਾਰ, ਏ.ਐਸ.ਆਈ. 9417131510

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-04-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ ਕਰਾਇਮ ਪੰਜਾਬ ਚੰਡੀਗੜ੍ਹ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਪੁਲਿਸ ਵਿਭਾਗ ਤੋਂ ਪੁਲਿਸ ਕਸਟਡੀ ਵਿਚ ਹੋਈਆਂ ਮੋਤਾਂ ਦੀ ਜਾਣਕਾਰੀ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-7-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਕੇਸ ਵਿਚ ਪੁਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੌਂ ਅਗਲੀ ਮਿਤੀ ਬਾਰੇ ਬਾਅਦ ਵਿਚ ਸੂਚਿਤ ਕਰਨ ਲਈ ਲਿਖਿਆ ਗਿਆ ਸੀ। ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਹੋਣ ਉਪਰੰਤ ਇਸ ਕਮਿਸ਼ਨ ਵਲੋਂ ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 20-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਪਿਛਲੀ ਮਿਤੀ 03-02-2020 ਨੂੰ ਅਪੀਲਕਰਤਾ ਵਲੋਂ ਮੈਡਮ ਸੁਖਵਿੰਦਰ ਕੋਰ ਵਕੀਲ ਪੇਸ਼ ਹੋਈ। ਉਸ ਵਲੋਂ ਆਥਾਰਟੀ ਲੈਟਰ ਪੇਸ਼ ਕੀਤਾ ਗਿਆ। ਅਪੀਲਕਰਤਾ ਨੇ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਦਿਤਾ ਗਿਆ ਉੱਤਰ ਸਹੀਂ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਪਰਸ਼ੋਤਮ ਕੁਮਾਰ, ਏ.ਐਸ.ਆਈ. ਹਾਜ਼ਰ ਹੋਇਆ ਸੀ ਉਸ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਪਹਿਲਾਂ ਹੀ ਮੰਗੀ ਗਈ ਸੂਚਨਾ ਦਿਤੀ ਜਾ ਚੁੱਕੀ ਹੈ। ਇਸ ਮਾਮਲੇ ਤੇ ਡੂੰਘਾਈ ਨਾਲ ਘੋਖ-ਵਿਚਾਰ ਕਰਨ ਲਈ ਇਹ ਕੇਸ ਰਿਜ਼ਰਵ ਰੱਖਿਆ ਗਿਆ ਸੀ।

3. ਇਸ ਕੇਸ ਵਿਚ ਮਿਤੀ 10-02-2020 ਨੂੰ ਜ਼ਾਰੀ ਹੁਕੱਮਾਂ ਅਨੁਸਾਰ ਦਸਿਆ ਗਿਆ ਸੀ ਕਿ ਅਪੀਲਕਰਤਾ ਵਲੋਂ ਪੇਸ਼ ਕੀਤੀ ਗਈ ਦਲੀਲ ਕਿ ਮੰਗੀ ਗਈ ਸੂਚਨਾ ਦਾ ਸਬੰਧ ਪੰਜਾਬ ਰਾਜ ਦੇ ਵੱਖ ਵੱਖ ਜਿਲ੍ਹਿਆਂ /ਯੂਨਿਟਾਂ ਨਾਲ ਹੈ ਇਸ ਲਈ ਸਬੰਧਤ ਪੀ.ਆਈ.ਓਜ ਤੋਂ ਆਪਣੇ ਪੱਧਰ ਤੇ ਸੂਚਨਾ ਹਾਸਲ ਕਰੇ, ਇਹ ਸੂਚਨਾ ਸਹੀ ਨਹੀਂ ਅਤੇ ਮੰਨਣ ਯੋਗ ਨਹੀਂ ਹੈ। ਕਿਉਂਜੋ ਅਪੀਲਕਰਤਾ ਵਲੋਂ ਪੇਸ਼ ਕੀਤੀ ਗਏ ਦਸਤਾਵੇਜ਼ਾਂ ਨੂੰ ਘੋਖਣ /ਵਿਚਾਰਨ ਉਪਰੰਤ ਇਹ ਪਾਇਆ ਗਿਆ ਕਿ ਜਿਲਿਆਂ ਵਲੋਂ ਏ.ਡੀ.ਜੀ.ਪੀ./ਸੁਰਖਿਆ,ਕਰਾਇਮ,ਇੰਟੈਲੀਜੈਟ, ਲਾਅ ਐਂਡ ਆਰਡਰ, ਆਈ.ਜੀ.ਪੀ./ਕਰਾਇੰਮ ਅਤੇ ਇੰਚਾਰਜ ਕੰਟਰੋਲ ਰੂਮ ਪੰਜਾਬ ਚੰਡੀਗੜ੍ਹ ਨੂੰ ਸੂਚਨਾ ਭੇਜੀ ਜਾਂਦੀ ਹੈ, ਇਸ ਗੱਲ ਦੀ ਪੁਸ਼ਟੀ ਇਸ ਤੋਂ ਵੀ ਹੁੰਦੀ ਹੈ ਕਿ ਅੱਜ ਪੇਸ਼ੀ ਦੋਰਾਨ ਵਿਭਾਗ ਵਲੋਂ ਅਪੀਲ ਕੇਸ ਨੰ: 2691 ਆਫ 2019 ਵਿਚ ਪੱਤਰ ਨ: 367/ਸਪੈਸ਼ਲ ਸੈਲ/ਕਰਾਇਮ, ਮਿਤੀ 03-02-2020 ਰਾਹੀਂ ਗੁੰਮਸੁਦਾ/ਕੀਡਨੈਪ ਕੀਤੇ ਬੱਚਿਆਂ ਸੰਬਧੀ ਅਪੀਲਕਰਤਾ ਨੂੰ ਸੂਚਨਾ ਮੁੱਹਈਆਂ ਕਰਵਾਈ ਗਈ ਹੈ, ਇਸ ਲਈ ਇਹ ਸੂਚਨਾ ਵੀ ਦਿੱਤੀ ਗਈ ਜਾ ਸਕਦੀ ਹੈ। ਇਸ ਤਰ੍ਹਾਂ ਇਹ ਸੂਚਨਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ ਕਰਾਇਮ, ਪੰਜਾਬ, ਚੰਡੀਗੜ੍ਹ ਪਾਸ ਉਪਲਬਧ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਇਹ ਕੇਸ ਅਗਲੀ ਸੁਣਵਾਈ ਮਿਤੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 2690 ਆਫ 2019**

12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ ਹਾਜ਼ਰ ਹੋਈ, ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

5. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰਤਨਦੀਪ ਸਿੰਘ, ਹੈਡ ਕੰਸਟੇਬਲ ਹਾਜ਼ਰ ਹੋਇਆ, ਉਸ ਵਲੋਂ ਲਿਆਂਦੀ ਗਈ ਸੂਚਨਾ ਪੇਸ਼ੀ ਦੋਰਾਨ ਪੇਸ਼ ਕੀਤੀ ਗਈ ਜੋ ਅਪੀਲਕਰਤਾ ਵਲੋਂ ਵਾਚਣ ਉਪਰੰਤ ਦਸਿਆ ਗਿਆ ਕਿ ਇਹ ਸੂਚਨਾ ਠੀਕ ਨਹੀਂ। ਇਸ ਲਈ ਉੱਤਰਦਾਤਾ ਵਲੋਂ ਇਸ ਸਬੰਧ ਵਿਚ ਸਮੇਂ ਦੀ ਮੰਗ ਕੀਤੀ ਗਈ । ਇਸ ਲਈ ਇਹ **ਅਪੀਲ ਕੇਸ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 12 ਮਾਰਚ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰੋਹੀਤ ਸਭਰਵਾਲ,
ਪ੍ਰਧਾਨ, ਕੁਨਦਨ ਭਵਨ, 126 ਮੋਡਲ ਗਰਾਂਮ, ਲੁਧਿਆਣਾ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ
ਕਰਾਇਮ ਪੰਜਾਬ ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਨਸਪੈਕਟਰ ਜਨਰਲ ਆਫ ਪੁਲਿਸ,
ਕਰਾਇਮ ਪੰਜਾਬ ਚੰਡੀਗੜ੍ਹ। -----ਉੱਤਰਦਾਤਾ

**ਅਪੀਲ ਕੇਸ ਨੰ: 2720 ਆਫ 2019**

**ਹਾਜ਼ਰ:**

1. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ (9988251671)।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਪਰਸ਼ੋਤਮ ਕੁਮਾਰ, ਏ.ਐਸ.ਆਈ. 9417131510

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-4-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ ਕਰਾਇਮ ਪੰਜਾਬ ਚੰਡੀਗੜ੍ਹ ਨੂੰ ਪੇਸ਼ ਕੀਤਾ ਗਿਆ, ਜਿਸ ਰਾਹੀਂ ਉਸ ਨੇ ਪੁਲਿਸ ਵਿਭਾਗ ਪਾਸੋਂ ਪੰਜਾਬ ਰਾਜ ਵਿਚ ਸਾਲ 2015 ਤੋਂ ਚੋਰੀ ਅਤੇ ਡਕੈਤੀ ਦੀਆਂ ਰਿਪੋਰਟਾਂ ਨਾਲ ਸਬੰਧਤ 03 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-6-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-7-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਕੇਸ ਵਿਚ ਪੂਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੋਂ ਅਗਲੀ ਮਿਤੀ ਬਾਰੇ ਬਾਅਦ ਵਿਚ ਸੂਚਿਤ ਕਰਨ ਲਈ ਲਿਖਿਆ ਗਿਆ ਸੀ। ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਹੋਣ ਉਪਰੰਤ ਇਸ ਕਮਿਸ਼ਨ ਵਲੋਂ ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 20-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 03-02-2020 ਨੂੰ ਅਪੀਲਕਰਤਾ ਵਲੋਂ ਮੈਡਮ ਸੁਖਵਿੰਦਰ ਕੋਰ ਵਕੀਲ ਪੇਸ਼ ਹੋਈ। ਉਸ ਵਲੋਂ ਆਥਾਰਟੀ ਲੈਟਰ ਪੇਸ਼ ਕੀਤਾ ਗਿਆ। ਅਪੀਲਕਰਤਾ ਨੇ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਦਿਤਾ ਗਿਆ ਉੱਤਰ ਸਹੀਂ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਪਰਸ਼ੋਤਮ ਕੁਮਾਰ, ਏ.ਐਸ.ਆਈ. ਹਾਜ਼ਰ ਹੋਇਆ ਸੀ ਉਸ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਪਹਿਲਾਂ ਹੀ ਮੰਗੀ ਗਈ ਸੂਚਨਾ ਦਿਤੀ ਜਾ ਚੁੱਕੀ ਹੈ। ਇਸ ਮਾਮਲੇ ਤੇ ਡੂੰਘਾਈ ਨਾਲ ਘੋਖ-ਵਿਚਾਰ ਕਰਨ ਲਈ ਇਹ ਕੇਸ ਰਿਜ਼ਰਵ ਰੱਖਿਆ ਗਿਆ ਸੀ।

3. ਇਸ ਕੇਸ ਵਿਚ ਮਿਤੀ 10-02-2020 ਨੂੰ ਜ਼ਾਰੀ ਹੁਕੱਮਾਂ ਅਨੁਸਾਰ ਦਸਿਆ ਗਿਆ ਸੀ ਕਿ ਅਪੀਲਕਰਤਾ ਵਲੋਂ ਪੇਸ਼ ਕੀਤੀ ਗਈ ਦਲੀਲ ਕਿ ਮੰਗੀ ਗਈ ਸੂਚਨਾ ਦਾ ਸਬੰਧ ਪੰਜਾਬ ਰਾਜ ਦੇ ਵੱਖ ਵੱਖ ਜਿਲ੍ਹਿਆਂ /ਯੂਨਿਟਾਂ ਨਾਲ ਹੈ ਇਸ ਲਈ ਸਬੰਧਤ ਪੀ.ਆਈ.ਓਜ ਤੋਂ ਆਪਣੇ ਪੱਧਰ ਤੇ ਸੂਚਨਾ ਹਾਸਲ ਕਰੇ, ਇਹ ਸੂਚਨਾ ਸਹੀ ਨਹੀਂ ਅਤੇ ਮੰਨਣ ਯੋਗ ਨਹੀਂ ਹੈ। ਕਿਉਂਜੋ ਅਪੀਲਕਰਤਾ ਵਲੋਂ ਪੇਸ਼ ਕੀਤੀ ਗਏ ਦਸਤਾਵੇਜ਼ਾਂ ਨੂੰ ਘੋਖਣ /ਵਿਚਾਰਨ ਉਪਰੰਤ ਇਹ ਪਾਇਆ ਗਿਆ ਕਿ ਜਿਲਿਆਂ ਵਲੋਂ ਏ.ਡੀ.ਜੀ.ਪੀ./ਸੁਰਖਿਆ,ਕਰਾਇਮ,ਇੰਟੈਲੀਜੈਟ, ਲਾਅ ਐਂਡ ਆਰਡਰ, ਆਈ.ਜੀ.ਪੀ./ਕਰਾਇੰਮ ਅਤੇ ਇੰਚਾਰਜ ਕੰਟਰੋਲ ਰੂਮ ਪੰਜਾਬ ਚੰਡੀਗੜ੍ਹ ਨੂੰ ਸੂਚਨਾ ਭੇਜੀ ਜਾਂਦੀ ਹੈ, ਇਸ ਗੱਲ ਦੀ ਪੁਸ਼ਟੀ ਇਸ ਤੋਂ ਵੀ ਹੁੰਦੀ ਹੈ ਕਿ ਅੱਜ ਪੇਸ਼ੀ ਦੋਰਾਨ ਵਿਭਾਗ ਵਲੋਂ ਅਪੀਲ ਕੇਸ ਨੰ: 2691 ਆਫ 2019 ਵਿਚ ਪੱਤਰ ਨ: 367/ਸਪੈਸ਼ਲ ਸੈਲ/ਕਰਾਇਮ, ਮਿਤੀ 03-02-2020 ਰਾਹੀਂ ਗੁੰਮਸੁਦਾ/ਕੀਡਨੈਪ ਕੀਤੇ ਬੱਚਿਆਂ ਸੰਬਧੀ ਅਪੀਲਕਰਤਾ ਨੂੰ ਸੂਚਨਾ ਮੁੱਹੀਆਂ ਕਰਵਾਈ ਗਈ ਹੈ, ਇਸ ਲਈ ਇਹ ਸੂਚਨਾ ਵੀ ਦਿੱਤੀ ਗਈ ਜਾ ਸਕਦੀ ਹੈ। ਇਸ ਤਰ੍ਹਾਂ ਇਹ ਸੂਚਨਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸਹਾਇਕ ਇੰਨਸਪੈਕਟਰ ਜਨਰਲ ਆਫ ਪੁਲਿਸ ਕਰਾਇਮ, ਪੰਜਾਬ, ਚੰਡੀਗੜ੍ਹ ਪਾਸ ਉਪਲਭਧ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਇਹ ਕੇਸ ਅਗਲੀ ਸੁਣਵਾਈ ਮਿਤੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 2720 ਆਫ 2019**

12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ ਹਾਜ਼ਰ ਹੋਈ, ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

5. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰਤਨਦੀਪ ਸਿੰਘ, ਹੈਡ ਕੰਸਟੇਬਲ ਹਾਜ਼ਰ ਹੋਇਆ, ਉਸ ਵਲੋਂ ਲਿਆਂਦੀ ਗਈ ਸੂਚਨਾ ਪੇਸ਼ੀ ਦੋਰਾਨ ਪੇਸ਼ ਕੀਤੀ ਗਈ ਜੋ ਅਪੀਲਕਰਤਾ ਵਲੋਂ ਵਾਚਣ ਉਪਰੰਤ ਦਸਿਆ ਗਿਆ ਕਿ ਇਹ ਸੂਚਨਾ ਠੀਕ ਨਹੀਂ। ਇਸ ਲਈ ਉੱਤਰਦਾਤਾ ਵਲੋਂ ਇਸ ਸਬੰਧ ਵਿਚ ਸਮੇਂ ਦੀ ਮੰਗ ਕੀਤੀ ਗਈ । ਇਸ ਲਈ ਇਹ **ਅਪੀਲ ਕੇਸ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 12 ਮਾਰਚ, 2020.